# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 11-03-2026**

ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿਚ ਕਰਵਾਏ ਗਏ ਜਲ ਮਹਾ-ਉਤਸਵ 2026 ਸਮਾਗਮ ਵਿੱਚ ਹਿੱਸਾ ਲਿਆ। ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਪਾਣੀ ਦੀ ਸੰਭਾਲ ਹਰ ਨਾਗਰਿਕ ਦੀ ਜ਼ਿੰਮੇਵਾਰੀ ਏ। ਰਾਸ਼ਟਰਪਤੀ ਨੇ ਦੇਸ਼ਵਾਸੀਆਂ ਨੂੰ ਅਪੀਲ ਕੀਤੀ ਕਿ ਪਾਣੀ ਨੂੰ ਅਨਮੋਲ ਖ਼ਜ਼ਾਨੇ ਵਾਂਗ ਸਮਝਿਆ ਜਾਵੇ, ਇਸ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸੰਭਾਲ ਕੇ ਰੱਖਣਾ ਲਾਜ਼ਮੀ ਏ।

BYTE

ਰਾਸ਼ਟਰਪਤੀ ਨੇ ਕਿਹਾ ਕਿ ਨਲ ਜਲ ਮਿੱਤਰ ਪ੍ਰੋਗਰਾਮ ਤਹਿਤ ਪਿੰਡਾਂ ਦੇ ਨੌਜਵਾਨਾਂ ਅਤੇ ਸਵੈ ਸਹਾਇਤਾ ਸਮੂਹਾਂ ਨਾਲ ਜੁੜੀਆਂ ਔਰਤਾਂ ਨੂੰ ਪਾਣੀ ਸਪਲਾਈ ਪ੍ਰਣਾਲੀਆਂ ਦੇ ਸੰਚਾਲਨ ਤੇ ਰੱਖ-ਰਖਾਅ ਵਿੱਚ ਸਰਗਰਮ ਭਾਗੀਦਾਰ ਬਣਾਉਣ ਲਈ ਸਿਖਲਾਈ ਦਿੱਤੀ ਜਾ ਰਹੀ ਏ।

-----------------------------------------------------

ਭਾਰਤ ਨੇ ਮੈਡਾਗਾਸਕਰ ਵਿੱਚ ਚੱਲ ਰਹੇ ਰਾਹਤ ਕਾਰਜਾਂ ਵਿਚ ਯੋਗਦਾਨ ਪਾਉਣ ਲਈ ਮਾਨਵਵਾਦੀ ਸਹਾਇਤਾ ਭੇਜੀ ਏ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਇਕ ਸੋਸ਼ਲ ਮੀਡੀਆ ਪੋਸਟ ਵਿਚ ਕਿਹਾ ਏ ਕਿ ਭਾਰਤੀ ਹਵਾਈ ਫੌਜ ਦਾ ਸੀ-17 ਜਹਾਜ਼, 12 ਟਨ ਮੈਡੀਕਲ ਸਮੱਗਰੀ ਤੇ 18 ਟਨ ਆਫ਼ਤ ਰਾਹਤ ਸਮੱਗਰੀ ਲੈ ਕੇ ਅੰਤਾਨਾ-ਨਾਰੀਵੋ ਪੁੱਜਾ ਏ। ਇਸ ਖੇਪ ਵਿਚ ਜੀਵਨ ਬਚਾਉਣ ਵਾਲੀਆਂ ਦਵਾਈਆਂ, ਸਰਜੀਕਲ ਸਪਲਾਈ, ਟੈਂਟ, ਪਾਣੀ ਦੀਆਂ ਟੈਂਕੀਆਂ, ਕਿੱਟਾਂ ਤੇ ਤਿਆਰ ਕੀਤਾ ਭੋਜਨ ਸ਼ਾਮਲ ਏ।

---------------------------------------------------------

ਮੋਹਾਲੀ ਜ਼ਿਲ੍ਹਾ ਸਿਹਤ ਵਿਭਾਗ ਅਧੀਨ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿਚ ਕੱਲ੍ਹ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਤਹਿਤ ਜਾਂਚ ਕੈਂਪ ਲਗਾਏ ਗਏ। ਸਿਵਲ ਸਰਜਨ ਡਾ. ਸੰਗੀਤਾ ਜੈਨ ਤੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਤਮੰਨਾ ਸਿੰਘਲ ਨੇ ਦੱਸਿਆ ਕਿ ਜਾਂਚ ਕੈਂਪਾਂ ਵਿਚ ਮਾਹਰ ਡਾਕਟਰਾਂ ਨੇ ਗਰਭਵਤੀ ਔਰਤਾਂ ਦੀ ਜਾਂਚ ਕੀਤੀ ਅਤੇ ਜੱਚਾ ਤੇ ਬੱਚਾ ਦੀ ਚੰਗੀ ਸਿਹਤ ਬਾਰੇ ਸੁਝਾਅ ਦਿੱਤੇ। ਉਨ੍ਹਾਂ ਦੱਸਿਆ ਕਿ ਔਰਤਾਂ ਨੇ ਇਨ੍ਹਾਂ ਜਾਂਚ ਕੈਂਪਾਂ ਵਿਚ ਸ਼ਿਰਕਤ ਕੀਤੀ ਏ ਅਤੇ ਪੰਜਾਬ ਸਰਕਾਰ ਵੱਲੋਂ ਮੁਹੱਈਆ ਮੁਫ਼ਤ ਸਿਹਤ ਸਹੂਲਤਾਂ ਦਾ ਲਾਭ ਲਿਆ। ਸਿਹਤ ਅਧਿਕਾਰੀਆਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਸੁਰੱਖਿਅਤ

ਮਾਤ੍ਰਤਵ ਮੁਹਿੰਮ ਦਾ ਮੰਤਵ ਜਣੇਪੇ ਵਾਲੀਆਂ ਔਰਤਾਂ ਦੀ ਮੌਤ ਦਰ ਘਟਾਉਣ ਲਈ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਏ।

---------------------------------------------------

ਤੇਲ ਬੀਜ ਫ਼ਸਲਾਂ ਦੀ ਕਾਸ਼ਤ ਨੂੰ ਉਤਸ਼ਾਹਤ ਕਰਨ ਲਈ ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ ਸ੍ਰੀ ਮੁਕਤਸਰ ਸਾਹਿਬ ਵੱਲੋਂ ਪਿੰਡ ਬਧਾਈ ਵਿਚ ਕੱਲ੍ਹ ਖੇਤ ਦਿਵਸ ਮਨਾਇਆ ਗਿਆ। ਇਸ ਮੌਕੇ ਫ਼ਸਲ ਵਿਗਿਆਨ ਬਾਰੇ ਸਹਾਇਕ ਪ੍ਰੋਫ਼ੈਸਰ ਡਾ. ਵਿਵੇਕ ਕੁਮਾਰ ਨੇ ਤੇਲ ਬੀਜ ਫ਼ਸਲਾਂ ਦੀ ਸੁਚੱਜੀ ਕਾਸ਼ਤ ਸਬੰਧੀ ਪੀ.ਏ.ਯੂ. ਦੀਆਂ ਸਿਫਾਰਸ਼ਾਂ ਤੇ ਕਾਸ਼ਤਕਾਰੀ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਕਨੋਲਾ ਸਰੋਂ ਦੇ ਤੇਲ ਵਿਚ ਇਰੂਸਿਕ ਐਸਿਡ ਤੇ ਖਲ ਵਿੱਚ ਗਲੂਕੋ-ਸਿਨੋ-ਲੇਟਸ ਦੀ ਮਿਕਦਾਰ ਘੱਟ ਹੋਣ ਕਾਰਨ ਇਹ ਮਨੁੱਖਾਂ ਤੇ ਪਸ਼ੂਆਂ ਦੀ ਸਿਹਤ ਲਈ ਲਾਭਕਾਰੀ ਏ। ਪਸਾਰ ਸਿੱਖਿਆ ਸਹਾਇਕ ਪ੍ਰੋ. ਡਾ. ਗੁਰਵਿੰਦਰ ਸਿੰਘ ਨੇ ਫ਼ਸਲੀ ਵੰਨ-ਸੁਵੰਨਤਾ ਵਿੱਚ ਸਰੋਂ ਦੀ ਫ਼ਸਲ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ।

---------------------------------------------------

ਬਠਿੰਡਾ ਵਿਚ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ 13 ਮਾਰਚ ਨੂੰ ਪੰਜਾਬੀ ਯੂਨੀਵਰਸਿਟੀ ਕਾਲਜ ਵਿਚ ਰੋਜ਼ਗਾਰ ਲਗਾਇਆ ਜਾ ਰਿਹਾ ਏ। ਇਸ ਸਬੰਧ ਵਿਚ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ

ਕਿ ਚਾਹਵਾਨ ਉਮੀਦਵਾਰ ਆਪਣੇ ਨਾਲ ਵਿੱਦਿਅਕ ਯੋਗਤਾ ਦੇ ਸਰਟੀਫਿਕੇਟ ਅਤੇ ਆਧਾਰ ਕਾਰਡ ਲੈ ਕੇ ਭਲਕੇ 13 ਮਾਰਚ ਨੂੰ ਸਵੇਰੇ 10 ਵਜੇ ਪੰਜਾਬੀ ਯੂਨੀਵਰਸਿਟੀ ਕਾਲਜ ਨੇੜੇ ਸਪੋਰਟਸ ਸਕੂਲ ਪਿੰਡ ਘੁੱਦਾ, ਬਠਿੰਡਾ ਵਿਚ ਪੁੱਜਣ।

---------------------------------------------------

ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਡਿਪਟੀ ਕਮਿਸ਼ਨਰ ਦਫ਼ਤਰ ਨੇ ਕਿਹਾ ਏ ਕਿ ਮੱਧ ਪੂਰਬ ਵਿਚ ਤਣਾਅ ਦਰਮਿਆਨ ਜੇਕਰ ਚੰਡੀਗੜ੍ਹ ਦਾ ਕੋਈ ਵਸਨੀਕ ਇਸ ਸਮੇਂ ਕਿਸੇ ਵੀ ਯੁੱਧ ਪ੍ਰਭਾਵਤ ਏਸ਼ਿਆਈ ਦੇਸ਼ਾਂ ਵਿੱਚ ਫਸਿਆ ਹੋਇਆ ਏ ਤਾਂ ਸਬੰਧਤ ਪਰਿਵਾਰਕ ਮੈਂਬਰ ਪੂਰੇ ਵੇਰਵਿਆਂ ਨਾਲ ਡਿਪਟੀ ਕਮਿਸ਼ਨਰ ਦਫ਼ਤਰ ਚੰਡੀਗੜ੍ਹ ਨਾਲ ਸੰਪਰਕ ਕਰਨ। ਬਦਲਵੇਂ ਤੌਰ ਉੱਤੇ ਜ਼ਰੂਰੀ ਜਾਣਕਾਰੀ ਲਈ ਡਿਪਟੀ ਕਮਿਸ਼ਨ ਨੇ ਇਕ ਈਮੇਲ ਆਈਡੀ ਵੀ ਜਾਰੀ ਕੀਤੀ, ਜੋ ਕਿ dc-chd@nic.in ਏ। ਇਸ ਸਬੰਧ ਵਿਚ ਡਿਪਟੀ ਕਮਿਸ਼ਨਰ ਦਫ਼ਤਰ ਚੰਡੀਗੜ੍ਹ ਵੱਲੋਂ ਮਦਦ ਕੀਤੀ ਜਾਵੇਗੀ।

---------------------------------------------------

'ਗੈਂਗਸਟਰਾਂ ਤੇ ਵਾਰ' ਮੁਹਿੰਮ ਦੇ 49ਵੇਂ ਦਿਨ ਪੰਜਾਬ ਪੁਲਿਸ ਨੇ ਕੱਲ੍ਹ ਪੂਰੇ ਸੂਬੇ ਵਿਚ 537 ਟਿਕਾਣਿਆਂ 'ਤੇ ਛਾਪਾਮਾਰੀ ਕੀਤੀ। ਇਸ ਦੌਰਾਨ ਪੁਲਿਸ ਟੀਮਾਂ ਨੇ 151 ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਅਤੇ

ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਹਥਿਆਰ ਬਰਾਮਦ ਕੀਤੇ। ਇਸ ਤੋਂ ਇਲਾਵਾ 7 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਏ।

----------------------------------------------------